**ਰਾਗੁ ਮਲਾਰ ਛੰਤ ਮਹਲਾ ੫ ॥ੴ ਸਤਿਗੁਰ ਪ੍ਰਸਾਦਿ ॥ ਪ੍ਰੀਤਮ ਪ੍ਰੇਮ ਭਗਤਿ ਕੇ ਦਾਤੇ ॥ ਅਪਨੇ ਜਨ ਸੰਗਿ ਰਾਤੇ ॥ ਜਨ ਸੰਗਿ ਰਾਤੇ ਦਿਨਸੁ ਰਾਤੇ ਇਕ ਨਿਮਖ ਮਨਹੁ ਨ ਵੀਸਰੈ ॥ ਗੋਪਾਲ ਗੁਣ ਨਿਧਿ ਸਦਾ ਸੰਗੇ ਸਰਬ ਗੁਣ ਜਗਦੀਸਰੈ ॥ ਮਨੁ ਮੋਹਿ ਲੀਨਾ ਚਰਨ ਸੰਗੇ ਨਾਮ ਰਸਿ ਜਨ ਮਾਤੇ ॥ ਨਾਨਕ ਪ੍ਰੀਤਮ ਕ੍ਰਿਪਾਲ ਸਦਹੂੰ ਕਿਨੈ ਕੋਟਿ ਮਧੇ ਜਾਤੇ ॥੧॥** {ਪੰਨਾ 1278}

ਪਦ ਅਰਥ:- ਪ੍ਰੇਮ ਕੇ ਦਾਤੇ—ਪਿਆਰ ਦੀ ਦਾਤਿ ਦੇਣ ਵਾਲੇ। ਭਗਤਿ ਕੇ ਦਾਤੇ—ਭਗਤੀ ਦੀ ਦਾਤਿ ਦੇਣ ਵਾਲੇ। ਸੰਗਿ—ਨਾਲ। ਰਾਤੇ—ਰੱਤੇ ਹੋਏ। ਦਿਨਸੁ ਰਾਤੇ—ਦਿਨ ਰਾਤ। ਨਿਮਖ—(inmy—) ਅੱਖ ਝਮਕਣ ਜਿਤਨਾ ਸਮਾ। ਮਨਹੁ—(ਸੇਵਕਾਂ ਦੇ) ਮਨ ਤੋਂ। ਵੀਸਰੈ—ਭੁੱਲਦਾ। ਗੁਣਨਿਧਿ—(ਸਾਰੇ) ਗੁਣਾਂ ਦਾ ਖ਼ਜ਼ਾਨਾ। ਜਗਦੀਸਰੈ—ਜਗਤ ਦੇ ਮਾਲਕ ਵਿਚ (ਜਗਤ-ਈਸਰੈ)। ਮੋਹਿ ਲੀਨਾ—ਮੋਹ ਲਿਆ ਹੈ, ਮਸਤ ਕਰ ਲਿਆ ਹੈ। ਨਾਮ ਰਸਿ—ਨਾਮ ਦੇ ਸੁਆਦ ਵਿਚ। ਮਾਤੇ—ਮਸਤ। ਸਦ ਹੂੰ—ਸਦਾ ਹੀ। ਕਿਨੈ—ਕਿਸੇ ਵਿਰਲੇ ਨੇ। ਕੋਟਿ ਮਧੇ—ਕ੍ਰੋੜਾਂ ਵਿਚੋਂ। ਜਾਤੇ—ਜਾਣਿਆ ਹੈ ਸਾਂਝ ਪਾਈ ਹੈ।1।

ਅਰਥ:- ਹੇ ਭਾਈ! ਪ੍ਰੀਤਮ ਪ੍ਰਭੂ ਜੀ (ਆਪਣੇ ਭਗਤਾਂ ਨੂੰ) ਪਿਆਰ ਦੀ ਦਾਤਿ ਦੇਣ ਵਾਲੇ ਹਨ, ਭਗਤੀ ਦੀ ਦਾਤਿ ਦੇਣ ਵਾਲੇ ਹਨ। ਪ੍ਰਭੂ ਜੀ ਆਪਣੇ ਸੇਵਕਾਂ ਨਾਲ ਰੱਤੇ ਰਹਿੰਦੇ ਹਨ, ਦਿਨ ਰਾਤ ਆਪਣੇ ਸੇਵਕਾਂ ਨਾਲ ਰੱਤੇ ਰਹਿੰਦੇ ਹਨ।

ਹੇ ਭਾਈ! ਪ੍ਰਭੂ (ਆਪਣੇ ਸੇਵਕਾਂ ਦੇ) ਮਨ ਤੋਂ ਅੱਖ ਝਮਕਣ ਜਿਤਨੇ ਸਮੇਂ ਲਈ ਭੀ ਨਹੀਂ ਭੁੱਲਦਾ। ਜਗਤ ਦਾ ਪਾਲਣਹਾਰ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਸਦਾ (ਸਭ ਜੀਵਾਂ ਦੇ) ਨਾਲ ਹੈ, ਜਗਤ ਦੇ ਮਾਲਕ ਪ੍ਰਭੂ ਵਿਚ ਸਾਰੇ ਹੀ ਗੁਣ ਹਨ।

ਹੇ ਭਾਈ! ਪ੍ਰਭੂ ਆਪਣੇ ਜਨਾਂ ਦਾ ਮਨ ਆਪਣੇ ਚਰਨਾਂ ਨਾਲ ਮਸਤ ਕਰੀ ਰੱਖਦਾ ਹੈ। (ਉਸ ਦੇ) ਸੇਵਕ (ਉਸ ਦੇ ਨਾਮ ਦੇ ਸੁਆਦ ਵਿਚ ਮਗਨ ਰਹਿੰਦੇ ਹਨ। ਹੇ ਨਾਨਕ! ਪ੍ਰੀਤਮ ਪ੍ਰਭੂ ਸਦਾ ਹੀ ਦਇਆ ਦਾ ਘਰ ਹੈ। ਕ੍ਰੋੜਾਂ ਵਿਚੋਂ ਕਿਸੇ ਵਿਰਲੇ ਨੇ (ਉਸ ਨਾਲ) ਡੂੰਘੀ ਸਾਂਝ ਬਣਾਈ ਹੈ।1।

**ਪ੍ਰੀਤਮ ਤੇਰੀ ਗਤਿ ਅਗਮ ਅਪਾਰੇ ॥ ਮਹਾ ਪਤਿਤ ਤੁਮ੍ ਤਾਰੇ ॥ ਪਤਿਤ ਪਾਵਨ ਭਗਤਿ ਵਛਲ ਕ੍ਰਿਪਾ ਸਿੰਧੁ ਸੁਆਮੀਆ ॥ ਸੰਤਸੰਗੇ ਭਜੁ ਨਿਸੰਗੇ ਰੰਉ ਸਦਾ ਅੰਤਰਜਾਮੀਆ ॥ ਕੋਟਿ ਜਨਮ ਭ੍ਰਮੰਤ ਜੋਨੀ ਤੇ ਨਾਮ ਸਿਮਰਤ ਤਾਰੇ ॥ ਨਾਨਕ ਦਰਸ ਪਿਆਸ ਹਰਿ ਜੀਉ ਆਪਿ ਲੇਹੁ ਸਮ੍ਾਰੇ ॥ ੨॥** {ਪੰਨਾ 1278}

ਪਦ ਅਰਥ:- ਪ੍ਰੀਤਮ—ਹੇ ਪ੍ਰੀਤਮ! (ਸੰਬੋਧਨ)। ਗਤਿ—ਉੱਚੀ ਆਤਮਕ ਅਵਸਥਾ। ਅਗਮ—ਅਪਹੁੰਚ। ਅਪਾਰੇ—ਅ-ਪਾਰ, ਬੇਅੰਤ। ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ ਜੀਵ। ਤਾਰੇ—ਪਾਰ ਲੰਘਾਏ ਹਨ। ਪਤਿਤ ਪਾਵਨ—ਹੇ ਪਾਪੀਆਂ ਨੂੰ ਪਵਿੱਤਰ ਕਰਨ ਵਾਲੇ! ਭਗਤਿ ਵਛਲ—ਹੇ ਭਗਤੀ-ਭਾਵ ਨੂੰ ਪਿਆਰ ਕਰਨ ਵਾਲੇ! ਸਿੰਧੁ—ਸਮੁੰਦਰ। ਸੁਆਮੀਆ—ਹੇ ਸੁਆਮੀ! ਸੰਗੇ—ਸੰਗਤਿ ਵਿਚ। ਭਜੁ—ਭਜਨ ਕਰਿਆ ਕਰ। ਨਿਸੰਗੇ—ਝਾਕਾ ਲਾਹ ਕੇ। ਰੰਉ—ਸਿਮਰਨ ਕਰਦਾ ਰਹੁ। ਤੇ—ਉਹ ਬੰਦੇ (ਬਹੁ-ਵਚਨ)। ਨਾਨਕ—ਹੇ ਨਾਨਕ! ਹਰਿ ਜੀਉ—ਹੇ ਪ੍ਰਭੂ ਜੀ! ਲੇਹੁ ਸਮ੍ਾਰੇ—ਸਮ੍ਾਰਿ ਲੇਹੁ, ਸੰਭਾਲ ਲਵੋ, ਆਪਣਾ ਬਣਾ ਲਵੋ।2।

ਅਰਥ:- ਹੇ ਪ੍ਰੀਤਮ ਪ੍ਰਭੂ! ਤੇਰੀ ਉੱਚੀ ਆਤਮਕ ਅਵਸਥਾ ਅਪਹੁੰਚ ਹੈ ਬੇਅੰਤ ਹੈ। ਵੱਡੇ ਵੱਡੇ ਪਾਪੀਆਂ ਨੂੰ ਤੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਆ ਰਿਹਾ ਹੈਂ। ਹੇ ਪਾਪੀਆਂ ਨੂੰ ਪਵਿੱਤਰ ਕਰਨ ਵਾਲੇ! ਹੇ ਭਗਤੀ ਨਾਲ ਪਿਆਰ ਕਰਨ ਵਾਲੇ ਸੁਆਮੀ! ਤੂੰ ਦਇਆ ਦਾ ਸਮੁੰਦਰ ਹੈਂ।

(ਹੇ ਮਨ!) ਸਾਧ ਸੰਗਤਿ ਵਿਚ (ਟਿੱਕ ਕੇ) ਝਾਕਾ ਲਾਹ ਕੇ, ਉਸ ਅੰਤਰਜਾਮੀ ਪ੍ਰਭੂ ਦਾ ਸਦਾ ਭਜਨ ਕਰਿਆ ਕਰ, ਸਿਮਰਨ ਕਰਿਆ ਕਰ। ਹੇ ਭਾਈ! ਜਿਹੜੇ ਜੀਵ ਕ੍ਰੋੜਾਂ ਜਨਮਾਂ ਜੂਨਾਂ ਵਿਚ ਭਟਕਦੇ ਫਿਰਦੇ ਸਨ, ਉਹ ਪ੍ਰਭੂ ਦਾ ਨਾਮ ਸਿਮਰਦਿਆਂ (ਜੂਨਾਂ ਦੇ ਗੇੜ ਵਿਚੋਂ) ਪਾਰ ਲੰਘਾ ਲਏ ਗਏ।

ਹੇ ਨਾਨਕ! (ਆਖ—) ਹੇ ਪ੍ਰਭੂ ਜੀ! (ਮੈਨੂੰ) ਤੇਰੇ ਦਰਸਨ ਦੀ ਤਾਂਘ ਹੈ, ਮੈਨੂੰ ਆਪਣਾ ਬਣਾ ਲਵੋ।2।

**ਹਰਿ ਚਰਨ ਕਮਲ ਮਨੁ ਲੀਨਾ ॥ ਪ੍ਰਭ ਜਲ ਜਨ ਤੇਰੇ ਮੀਨਾ ॥ ਜਲ ਮੀਨ ਪ੍ਰਭ ਜੀਉ ਏਕ ਤੂਹੈ ਭਿੰਨ ਆਨ ਨ ਜਾਨੀਐ ॥ ਗਹਿ ਭੁਜਾ ਲੇਵਹੁ ਨਾਮੁ ਦੇਵਹੁ ਤਉ ਪ੍ਰਸਾਦੀ ਮਾਨੀਐ ॥ ਭਜੁ ਸਾਧਸੰਗੇ ਏਕ ਰੰਗੇ ਕ੍ਰਿਪਾਲ ਗੋਬਿਦ ਦੀਨਾ ॥ ਅਨਾਥ ਨੀਚ ਸਰਣਾਇ ਨਾਨਕ ਕਰਿ ਮਇਆ ਅਪੁਨਾ ਕੀਨਾ ॥੩॥**
{ਪੰਨਾ 1278}

ਪਦ ਅਰਥ:- ਪ੍ਰਭ—ਹੇ ਪ੍ਰਭੂ! ਮੀਨਾ—ਮੱਛੀਆਂ। ਏਕੁ ਤੂ ਹੈ—ਤੂੰ ਆਪ ਹੀ ਹੈਂ। ਭਿੰਨ—(ਤੈਥੋਂ) ਵੱਖਰਾ। ਆਨ—(ਕੋਈ) ਹੋਰ (ANX)। ਜਾਨੀਐ—ਜਾਣਿਆ ਜਾ ਸਕਦਾ। ਗਹਿ—ਫੜ ਕੇ। ਭੁਜਾ—ਬਾਂਹ। ਗਹਿ ਲੇਵਹੁ—ਫੜ ਲਵੋ। ਤਉ ਪ੍ਰਸਾਦੀ—ਤੇਰੀ ਮਿਹਰ ਨਾਲ ਹੀ। ਮਾਨੀਐ—ਆਦਰ ਮਿਲਦਾ ਹੈ। ਸੰਗੇ—ਸੰਗਤਿ ਵਿਚ। ਰੰਗੇ—ਰੰਗਿ, ਪਿਆਰ ਵਿਚ। ਦੀਨਾ ਕ੍ਰਿਪਾਲ ਗੋਬਿਦ—ਦੀਨਾਂ ਉਤੇ ਦਇਆ ਕਰਨ ਵਾਲਾ ਪ੍ਰਭੂ। ਕਰਿ—ਕਰ ਕੇ। ਮਇਆ—ਦਇਆ।3।

ਅਰਥ:- ਹੇ ਹਰੀ! (ਮਿਹਰ ਕਰ, ਮੇਰਾ) ਮਨ ਤੇਰੇ ਸੋਹਣੇ ਚਰਨਾਂ ਵਿਚ ਲੀਨ ਰਹੇ। ਹੇ ਪ੍ਰਭੂ! ਤੂੰ ਪਾਣੀ ਹੈਂ, ਤੇਰੇ ਸੇਵਕ (ਪਾਣੀ ਦੀਆਂ) ਮੱਛੀਆਂ ਹਨ (ਤੈਥੋਂ ਵਿਛੁੜ ਕੇ ਜੀਉ ਨਹੀਂ ਸਕਦੇ)। ਹੇ ਪ੍ਰਭੂ ਜੀ! ਪਾਣੀ ਤੇ ਮੱਛੀਆਂ ਤੂੰ ਆਪ ਹੀ ਆਪ ਹੈਂ, (ਤੈਥੋਂ) ਵਖਰਾ ਕੋਈ ਹੋਰ ਨਹੀਂ ਜਾਣਿਆ ਜਾ ਸਕਦਾ। ਹੇ ਪ੍ਰਭੂ! (ਮੇਰੀ) ਬਾਂਹ ਫੜ ਲੈ (ਮੈਨੂੰ ਆਪਣਾ) ਨਾਮ ਦੇਹ। ਤੇਰੀ ਮਿਹਰ ਨਾਲ ਹੀ (ਤੇਰੇ ਦਰ ਤੇ) ਆਦਰ ਪਾ ਸਕੀਦਾ ਹੈ। ਹੇ ਭਾਈ! ਸਾਧ ਸੰਗਤਿ ਵਿਚ (ਟਿਕ ਕੇ) ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਦੇ ਪ੍ਰੇਮ ਵਿਚ ਜੁੜ ਕੇ (ਉਸਦਾ) ਭਜਨ ਕਰਿਆ ਕਰ। ਹੇ ਨਾਨਕ! ਸਰਨ ਆਏ ਨਿਖਸਮਿਆਂ ਤੇ ਨੀਚਾਂ ਨੂੰ ਭੀ ਮਿਹਰ ਕਰ ਕੇ ਪ੍ਰਭੂ ਆਪਣਾ ਬਣਾ ਲੈਂਦਾ ਹੈ।3।

**ਆਪਸ ਕਉ ਆਪੁ ਮਿਲਾਇਆ ॥ ਭ੍ਰਮ ਭੰਜਨ ਹਰਿ ਰਾਇਆ ॥ ਆਚਰਜ ਸੁਆਮੀ ਅੰਤਰਜਾਮੀ ਮਿਲੇ ਗੁਣ ਨਿਧਿ ਪਿਆਰਿਆ ॥ ਮਹਾ ਮੰਗਲ ਸੂਖ ਉਪਜੇ ਗੋਬਿੰਦ ਗੁਣ ਨਿਤ ਸਾਰਿਆ ॥ ਮਿਲਿ ਸੰਗਿ ਸੋਹੇ ਦੇਖਿ ਮੋਹੇ ਪੁਰਬਿ ਲਿਖਿਆ ਪਾਇਆ ॥ ਬਿਨਵੰਤਿ ਨਾਨਕ ਸਰਨਿ ਤਿਨ ਕੀ ਜਿਨ੍ਹੀ ਹਰਿ ਹਰਿ ਧਿਆਇਆ ॥੪॥੧॥** {ਪੰਨਾ 1278}

ਪਦ ਅਰਥ:- ਆਪਸ ਕਉ—ਆਪਣੇ ਆਪ ਨੂੰ। ਆਪੁ—ਆਪਣਾ ਆਪ। ਭ੍ਰਮ ਭੰਜਨ—(ਜੀਵਾਂ ਦੀ) ਭਟਕਣਾ ਦੂਰ ਕਰਨ ਵਾਲਾ। ਹਰਿ ਰਾਇਆ—ਪ੍ਰਭੂ ਪਾਤਿਸ਼ਾਹ। ਗੁਣਨਿਧਿ—ਗੁਣਾਂ ਦਾ ਖ਼ਜ਼ਾਨਾ। ਮੰਗਲ—ਖ਼ੁਸ਼ੀਆਂ। ਸਾਰਿਆ—ਸੰਭਾਲੇ, ਹਿਰਦੇ ਵਿਚ ਵਸਾਏ। ਮਿਲਿ—ਮਿਲ ਕੇ। ਸੰਗਿ—(ਪ੍ਰਭੂ ਦੇ) ਨਾਲ। ਸੋਹੇ—ਸੋਭਨੀਕ ਹੋ ਗਏ, ਸੋਹਣੇ ਜੀਵਨ ਵਾਲੇ ਬਣ ਗਏ। ਦੇਖਿ—ਵੇਖ ਕੇ। ਮੋਹੇ—ਮਸਤ ਹੋ ਗਏ। ਪੁਰਬਿ—ਪੂਰਬਲੇ ਜਨਮ ਵਿਚ। ਬਿਨਵੰਤਿ—ਬੇਨਤੀ ਕਰਦਾ ਹੈ। 4

ਅਰਥ:- ਹੇ ਭਾਈ! ਪ੍ਰਭੂ ਪਾਤਿਸ਼ਾਹ (ਜੀਵਾਂ ਦੀ) ਭਟਕਣਾ ਦੂਰ ਕਰਨ ਵਾਲਾ ਹੈ (ਤੇ ਜੀਵਾਂ ਨੂੰ ਆਪਣੇ ਨਾਲ ਮਿਲਾਣ ਵਾਲਾ ਹੈ। ਪਰ ਜੀਵਾਂ ਵਿਚ ਭੀ ਉਹ ਆਪ ਹੀ ਹੈ। ਸੋ, ਜੀਵਾਂ ਨੂੰ ਆਪਣੇ ਨਾਲ ਮਿਲਾ ਕੇ ਉਹ) ਆਪਣੇ ਆਪ ਨੂੰ ਆਪਣਾ ਆਪ (ਹੀ) ਮਿਲਾਂਦਾ ਹੈ।

ਹੇ ਭਾਈ! ਮਾਲਕ-ਪ੍ਰਭੂ ਅਸਚਰਜ-ਰੂਪ ਹੈ ਸਭ ਦੇ ਦਿਲ ਦੀ ਜਾਣਨ ਵਾਲਾ ਹੈ। ਉਹ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਜਿਨ੍ਹਾਂ ਆਪਣੇ ਪਿਆਰਿਆਂ ਨੂੰ ਮਿਲ ਪੈਂਦਾ ਹੈ, ਉਹ ਸਦਾ ਉਸ ਗੋਬਿੰਦ ਦੇ ਗੁਣ ਆਪਣੇ ਹਿਰਦੇ ਵਿਚ ਵਸਾਂਦੇ ਹਨ,

ਉਹਨਾਂ ਦੇ ਅੰਦਰ ਮਹਾਨ ਖ਼ੁਸ਼ੀਆਂ ਮਹਾਨ ਸੁਖ ਪੈਦਾ ਹੋ ਜਾਂਦੇ ਹਨ।

ਪਰ, ਹੇ ਭਾਈ! ਪੂਰਬਲੇ ਜਨਮ ਵਿਚ (ਪ੍ਰਾਪਤੀ ਦਾ ਲੇਖ) ਲਿਖਿਆ (ਜਿਨ੍ਹਾਂ ਦੇ ਮੱਥੇ ਉੱਤੇ) ਉੱਘੜ ਪਿਆ, ਉਹ ਪ੍ਰਭੂ ਨਾਲ ਮਿਲ ਕੇ ਸੋਹਣੇ ਜੀਵਨ ਵਾਲੇ ਬਣ ਗਏ, ਉਹ ਉਸ ਦਾ ਦਰਸਨ ਕਰ ਕੇ ਉਸ ਵਿਚ ਮਗਨ ਹੋ ਗਏ।

ਨਾਨਕ ਬੇਨਤੀ ਕਰਦਾ ਹੈ—ਜਿਨ੍ਹਾਂ ਨੇ ਸਦਾ ਪਰਮਾਤਮਾ ਦਾ ਧਿਆਨ ਧਰਿਆ ਹੈ, ਮੈਂ ਉਹਨਾਂ ਦੀ ਸਰਨ ਪੈਂਦਾ ਹਾਂ।4।1।